ਮਾਮਲਾ ਯੂਥ ਅਕਾਲੀ ਆਗੂ ਵਿੱਕੀ ਮਿੱਡੂਖੇੜਾ ਦੇ ਕਤਲ ਦਾ

ਕੀ ਵਿੱਕੀ ਮਿੱਡੂਖੇੜਾ ਦੇ ਕਤਲ 'ਚ ਸ਼ਾਮਿਲ ਚੌਥੇ ਮੁਲਜ਼ਮ ਦਾ ਨਾਂਅ ਸੋਮਵੀਰ ਹੈ ?

2 ਅਪ੍ਰੈਲ ਨੂੰ ਦਿੱਲੀ ਪੁਲਿਸ ਨੇ ਖਰੜ 'ਚ ਮਾਰਿਆ ਸੀ ਛਾਪਾ, 6 ਨੂੰ ਆਸਟ੍ਰੇਲੀਆ ਭੱਜਿਆ ਸੀ ਸ਼ਗਨਦੀਪ

ਐੱਸ. ਏ. ਐੱਸ. ਨਗਰ, 26 ਅਪ੍ਰੈਲ (ਜਸਬੀਰ ਸਿੰਘ ਜੱਸੀ)-ਯੂਥ ਅਕਾਲੀ ਆਗੂ ਵਿਕਰਮਜੀਤ ਸਿੰਘ ਕੁਲਾਰ ਉਰਫ਼ ਵਿੱਕੀ ਮਿੱਡੂਖੇੜਾ ਦੀ ਗੋਲੀਆਂ ਮਾਰ ਕੇ ਹੱਤਿਆ ਕਰਨ ਦੇ ਮਾਮਲੇ 'ਚ ਪੁਲਿਸ ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਚੌਥੇ ਮੁਲਜ਼ਮ ਦਾ ਨਾਂਅ ਸੋਮਵੀਰ ਸਾਹਮਣੇ ਆ ਰਿਹਾ ਹੈ, ਪ੍ਰੰਤੂ ਮੁਹਾਲੀ ਪੁਲਿਸ ਇਸ ਮਾਮਲੇ 'ਚ ਗ੍ਰਿਫ਼ਤਾਰ ਤਿੰਨੋਂ ਸ਼ੂਟਰਾਂ ਅਨਿਲ ਕੁਮਾਰ ਲੱਠ, ਸੱਜਣ ਸਿੰਘ ਉਰਫ਼ ਭੋਲੂ ਅਤੇ ਅਜੇ ਕੁਮਾਰ ਉਰਫ਼ ਸੰਨੀ ਕੋਲੋਂ ਪੁੱਛਗਿੱਛ ਕਰ ਰਹੀ ਹੈ ਕਿ ਚੌਥਾ ਮੁਲਜ਼ਮ ਸੋਮਵੀਰ ਹੈ ਜਾਂ ਕੋਈ ਹੋਰ। ਸੋਮਵੀਰ ਨਾਂਅ ਜੋ ਕਿ ਦਿੱਲੀ ਪੁਲਿਸ ਦੀ ਉਕਤ ਸ਼ੂਟਰਾਂ ਤੋਂ ਕੀਤੀ ਗਈ ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਸੀ, ਬਾਰੇ ਮੁਹਾਲੀ ਪੁਲਿਸ ਅਜੇ ਸਪੱਸ਼ਟ ਨਹੀਂ ਦੱਸ ਰਹੀ ਕਿਉਂਕਿ ਮੁਹਾਲੀ ਪੁਲਿਸ ਨੂੰ ਇਸ ਬਾਰੇ ਪੂਰੀ ਸ਼ੰਕਾ ਹੈ ਕਿ ਉਕਤ ਸ਼ੂਟਰ ਉਨ੍ਹਾਂ ਨੂੰ ਝੂਠ ਬੋਲ ਕੇ ਮਾਮਲੇ ਦੀ ਪੜਤਾਲ ਨੂੰ ਕਿਸੇ ਹੋਰ ਪਾਸੇ ਵੱਲ ਭਟਕਾ ਸਕਦੇ ਹਨ।

ਵਿੱਕੀ ਮਿੱਡੂਖੇੜਾ ਦੀ ਤਸਵੀਰ

ਸੂਤਰਾਂ ਦੇ ਹਵਾਲੇ ਨਾਲ ਇਹ ਗੱਲ ਵੀ ਸਾਹਮਣੇ ਆ ਰਹੀ ਹੈ ਕਿ ਜਦੋਂ ਦਿੱਲੀ ਪੁਲਿਸ ਨੇ ਤਿੰਨੋਂ ਸ਼ੂਟਰਾਂ ਨੂੰ ਗ੍ਰਿਫ਼ਤਾਰ ਕੀਤਾ ਸੀ ਤਾਂ ਉਨ੍ਹਾਂ ਦੀ ਪੁੱਛਗਿੱਛ ਤੋਂ ਬਾਅਦ ਸ਼ਗਨਦੀਪ ਸਿੰਘ ਦਾ ਨਾਂਅ ਸਾਹਮਣੇ ਆਇਆ ਸੀ ਅਤੇ ਦਿੱਲੀ ਪੁਲਿਸ ਵਲੋਂ ਸ਼ਗਨਦੀਪ ਸਿੰਘ ਅਤੇ ਚੌਥੇ ਮੁਲਜ਼ਮ ਸੋਮਵੀਰ ਨੂੰ ਜਦੋਂ ਗ੍ਰਿਫ਼ਤਾਰ ਕਰਨ ਲਈ 2 ਅਪ੍ਰੈਲ ਨੂੰ ਖਰੜ ਵਿਚਲੇ ਇਕ ਫਲੈਟ ਵਿਖੇ ਛਾਪੇਮਾਰੀ ਕੀਤੀ ਗਈ ਸੀ ਤਾਂ ਉਕਤ ਦੋਵੇਂ ਵਿਅਕਤੀ ਪੁਲਿਸ ਨੂੰ ਉਥੇ ਨਹੀਂ ਮਿਲੇ। ਉਧਰ ਸ਼ਗਨਦੀਪ ਸਿੰਘ ਬਾਰੇ ਦੱਸਿਆ ਜਾ ਰਿਹਾ ਹੈ ਕਿ ਉਸ ਨੇ 5 ਅਪ੍ਰੈਲ ਨੂੰ ਆਪਣਾ ਮੋਬਾਈਲ ਫ਼ੋਨ ਬੰਦ ਕਰ ਦਿੱਤਾ ਸੀ, ਜਦਕਿ 6 ਅਪ੍ਰੈਲ ਨੂੰ ਉਹ ਆਸਟ੍ਰੇਲੀਆ ਭੱਜ ਗਿਆ ਸੀ। ਇਸ ਬਾਰੇ ਜਦੋਂ ਵਿੱਕੀ ਮਿੱਡੂਖੇੜਾ ਦੇ ਭਰਾ ਅਜੈਪਾਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦਾ ਸਪੱਸ਼ਟ ਕਹਿਣਾ ਸੀ ਕਿ ਜੇਕਰ ਮੁਹਾਲੀ ਪੁਲਿਸ ਨੇ ਉਸ ਸਮੇਂ ਸ਼ਗਨਦੀਪ ਸਿੰਘ ਦੀ ਐਲ. ਓ. ਸੀ. ਜਾਰੀ ਕਰਵਾਈ ਹੁੰਦੀ ਤਾਂ ਸ਼ਗਨਦੀਪ ਸਿੰਘ ਆਸਟ੍ਰੇਲੀਆ ਨਹੀਂ ਸੀ ਭੱਜ ਸਕਦਾ। ਉਨ੍ਹਾਂ ਦੱਸਿਆ ਕਿ ਦਿੱਲੀ ਪੁਲਿਸ ਦੀ ਪੜਤਾਲ ਦੌਰਾਨ ਸਾਹਮਣੇ ਆਇਆ ਹੈ ਕਿ ਸ਼ਗਨਦੀਪ ਸਿੰਘ ਅਤੇ ਚੌਥਾ ਸ਼ੂਟਰ ਹੀ ਲੱਠ, ਭੋਲੂ ਅਤੇ ਸੰਨੀ ਨੂੰ ਖਰੜ ਦੇ ਉਕਤ ਫਲੈਟ ਵਿਚ ਲੈ ਕੇ ਆਏ ਸਨ ਅਤੇ ਤਿੰਨਾਂ ਨੂੰ ਉਥੇ ਛੱਡ ਕੇ ਉਹ ਵਾਪਸ ਚਲੇ ਗਏ ਸਨ। ਇਹ ਫਲੈਟ ਜਤਿੰਦਰ ਸਿੰਘ ਨਾਂਅ ਦੇ ਵਿਅਕਤੀ ਦਾ ਦੱਸਿਆ ਜਾ ਰਿਹਾ ਹੈ। ਫਲੈਟ ਮਾਲਕ ਅਤੇ ਸ਼ਗਨਦੀਪ ਸਿੰਘ ਆਪਸ 'ਚ ਦੋਸਤ ਹਨ ਅਤੇ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਲਈ ਕੰਮ ਕਰਦੇ ਦੱਸੇ ਜਾ ਰਹੇ ਹਨ। ਅਜੈਪਾਲ ਸਿੰਘ ਦਾ ਇਹ ਵੀ ਕਹਿਣਾ ਹੈ ਕਿ ਇਹ ਜਾਂਚ ਦਾ ਵਿਸ਼ਾ ਹੈ ਕਿ ਉਕਤ ਤਿੰਨੋਂ ਸ਼ੂਟਰ ਖਰੜ ਵਿਚਲੇ ਫਲੈਟ ਵਿਚ 1 ਰਾਤ ਰਹੇ ਸਨ ਜਾਂ 7 ਦਿਨ। ਉਨ੍ਹਾਂ ਅੱਗੇ ਦੱਸਿਆ ਕਿ ਤਿੰਨੋਂ ਗ੍ਰਿਫ਼ਤਾਰ ਸ਼ੂਟਰਾਂ ਕੋਲੋਂ ਸੱਚ ਉਗਲਾਉਣਾ ਮੁਹਾਲੀ ਪੁਲਿਸ ਲਈ ਇਕ ਵੱਡੀ ਚੁਣੌਤੀ ਹੈ ਕਿਉਂਕਿ ਇਸ ਤੋਂ ਪਹਿਲਾਂ ਪ੍ਰੋਡਕਸ਼ਨ ਵਾਰੰਟ 'ਤੇ ਲਿਆਂਦੇ ਗਏ ਗੈਂਗਸਟਰ ਕੌਸ਼ਲ ਚੌਧਰੀ ਨੇ ਵੀ ਮੁਹਾਲੀ ਪੁਲਿਸ ਨੂੰ ਪੁੱਛਗਿੱਛ ਦੌਰਾਨ ਬੜਾ ਘੁੰਮਾਇਆ ਸੀ ਅਤੇ ਵਿਸ਼ਵਾਸ ਦਿਵਾਇਆ ਸੀ ਕਿ ਉਹ ਲੱਠ ਕੋਲੋਂ ਆਤਮ-ਸਮਰਪਣ ਕਰਵਾ ਦੇਵੇਗਾ, ਜੋ ਕਿ ਅਖੀਰ ਤੱਕ ਨਹੀਂ ਹੋਇਆ।

ਡਿਪਟੀ ਕਮਿਸ਼ਨਰ ਮੁਹਾਲੀ ਅਮਿਤ ਤਲਵਾੜ ਨੂੰ ਮੰਗ ਪੱਤਰ ਸੌਂਪਦਾ ਹੋਇਆ ਪਿੰਡ ਮੱਕੜਾਂ ਦੀ ਗ੍ਰਾਮ ਪੰਚਾਇਤ ਦੇ ਆਧਾਰਿਤ ਵਫ਼ਦ। ਤਸਵੀਰ : ਵਰਿੰਦਰਜੀਤ ਸਿੰਘ

ਬਰਸਾਤੀ ਪਾਣੀ ਦੇ ਨਿਕਾਸ ਲਈ ਪਾਈਪ ਪਾਉਣ ਦੀ ਮੰਗ ਨੂੰ ਲੈ ਕੇ ਡੀ. ਸੀ. ਨੂੰ ਸੌਂਪਿਆ ਮੰਗ ਪੱਤਰ

ਐੱਸ. ਏ. ਐੱਸ. ਨਗਰ, 26 ਅਪ੍ਰੈਲ (ਕੇ. ਐੱਸ. ਰਾਣਾ)-ਪਿੰਡ ਮੱਕੜਾਂ ਦੀ ਗ੍ਰਾਮ ਪੰਚਾਇਤ ਦੇ ਆਧਾਰਿਤ ਇਕ ਵਫ਼ਦ ਵਲੋਂ ਅੱਤਿਆਚਾਰ ਵਿਰੋਧੀ ਫਰੰਟ ਦੇ ਪ੍ਰਧਾਨ ਬਲਵਿੰਦਰ ਸਿੰਘ ਕੁੰਭੜਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮੁਹਾਲੀ ਅਮਿਤ ਤਲਵਾੜ ਨੂੰ ਮੰਗ ਪੱਤਰ ਸੌਂਪ ਕੇ ਮੰਗ ਕੀਤੀ ਗਈ ਹੈ ਕਿ ਪਿੰਡ ਦੇ ਸ਼ਮਸ਼ਾਨਘਾਟ ਨੂੰ ਜਾਣ ਵਾਲੇ ਰਸਤੇ ਨੂੰ ਪੱਕਾ ਕਰਨ ਤੋਂ ਪਹਿਲਾਂ ਇਥੇ ਬਰਸਾਤੀ ਪਾਣੀ ਦੇ ਨਿਕਾਸ ਲਈ ਪਾਈਪ ਪਾਏ ਜਾਣ। ਮੰਗ ਪੱਤਰ ਸੌਂਪਣ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬਲਵਿੰਦਰ ਸਿੰਘ ਕੁੰਭੜਾ ਨੇ ਦੱਸਿਆ ਕਿ ਪਿੰਡ ਮੱਕੜਾਂ ਵਿਖੇ ਐਸ. ਸੀ. ਭਾਈਚਾਰੇ ਦਾ ਸ਼ਮਸ਼ਾਨਘਾਟ ਪਿੰਡ ਤੋਂ ਕਰੀਬ 1 ਕਿੱਲੋਮੀਟਰ ਦੂਰ ਹੈ, ਜਿਸ ਨੂੰ ਜਾਣ ਲਈ ਪਹਿਲਾਂ ਕੱਚਾ ਰਸਤਾ ਸੀ, ਪਰ ਹੁਣ ਕੁਝ ਸਮਾਂ ਪਹਿਲਾਂ ਪੀ. ਡਬਲਿਊ. ਡੀ. ਵਿਭਾਗ ਵਲੋਂ ਇਸ ਰਸਤੇ ਨੂੰ ਪੱਕਾ ਕਰਨ ਲਈ ਗਟਕਾ ਪਾ ਦਿੱਤਾ ਗਿਆ ਹੈ ਅਤੇ ਇਸ ਰਸਤੇ ਨੂੰ ਖੇਤਾਂ ਤੋਂ ਉੱਚਾ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗਟਕਾ ਪਾਉਣ ਤੋਂ ਪਹਿਲਾਂ ਇਸ ਰਸਤੇ 'ਤੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਪਾਈਪ ਦਬੇ ਹੋਏ ਸਨ, ਜਿਨ੍ਹਾਂ ਰਾਹੀਂ ਪਿਛਲੇ ਪਿੰਡਾਂ ਲਾਂਡਰਾਂ, ਸਵਾੜਾ ਅਤੇ ਝੰਜੇੜੀ ਦੇ ਬਰਸਾਤੀ ਪਾਣੀ ਦਾ ਨਿਕਾਸ ਹੋ ਜਾਂਦਾ ਸੀ, ਪਰ ਹੁਣ ਇਸ ਰਸਤੇ 'ਤੇ ਗਟਕਾ ਪਾਏ ਜਾਣ ਨਾਲ ਬਰਸਾਤੀ ਪਾਣੀ ਦੀ ਨਿਕਾਸੀ ਵਾਲੇ ਪਾਈਪ ਟੁੱਟ ਗਏ ਹਨ ਜਾਂ ਬੰਦ ਹੋ ਗਏ ਹਨ, ਜਿਸ ਕਾਰਨ ਇਨ੍ਹਾਂ ਪਾਈਪਾਂ ਰਾਹੀਂ ਬਰਸਾਤੀ ਪਾਣੀ ਦਾ ਨਿਕਾਸ ਨਹੀਂ ਹੋ ਸਕਦਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਡੀ. ਸੀ. ਤੋਂ ਮੰਗ ਕੀਤੀ ਹੈ ਕਿ ਪਿੰਡ ਮੱਕੜਾਂ ਵਿਖੇ ਸ਼ਮਸ਼ਾਨਘਾਟ ਨੂੰ ਜਾਣ ਵਾਲੇ ਰਸਤੇ ਨੂੰ ਪੱਕਾ ਕਰਨ ਤੋਂ ਪਹਿਲਾਂ ਇਥੇ ਬਰਸਾਤੀ ਪਾਣੀ ਦੇ ਨਿਕਾਸ ਲਈ ਪਾਈਪ ਪਾਏ ਜਾਣ। ਇਸ ਮੌਕੇ ਮੱਕੜਾਂ ਦੀ ਸਰਪੰਚ ਪਰਮਜੀਤ ਕੌਰ, ਪੰਚ ਕਰਮਜੀਤ ਕੌਰ, ਪੰਚ ਪਿਆਰਾ ਸਿੰਘ, ਨੰਬਰਦਾਰ ਹਰਭਜਨ ਸਿੰਘ, ਗਿਆਨ ਸਿੰਘ, ਸਤਪਾਲ ਦਾਸ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ, ਗੁਰਵਿੰਦਰ ਸਿੰਘ, ਜਸਪਾਲ ਸਿੰਘ, ਕੁਲਵੀਰ ਸਿੰਘ, ਅਵਤਾਰ ਸਿੰਘ, ਕੇਵਲ ਸਿੰਘ, ਹਰਬੰਸ ਸਿੰਘ, ਗੁਰਮੀਤ ਸਿੰਘ, ਬਹਾਦਰ ਸਿੰਘ, ਮਨਦੀਪ ਕੌਰ, ਗੁਰਮੇਲ ਸਿੰਘ, ਰਾਮ ਸਿੰਘ, ਜਸਪਾਲ ਕੌਰ, ਗੁਰਪ੍ਰੀਤ ਸਿੰਘ, ਬਲਜਿੰਦਰ ਸਿੰਘ, ਗੁਰਤੇਜ ਸਿੰਘ, ਤੇਜਿੰਦਰ ਸਿੰਘ, ਪ੍ਰਿਤਪਾਲ ਸਿੰਘ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਗੁਰਭਾਗ ਸਿੰਘ, ਨਾਜਰ ਸਿੰਘ, ਜਗਤਾਰ ਸਿੰਘ, ਨਰਿੰਦਰ ਸਿੰਘ, ਹਰਨੇਕ ਸਿੰਘ, ਮਹਿੰਦਰ ਸਿੰਘ, ਕੁਲਵੰਤ ਸਿੰਘ ਸਾਬਕਾ ਪੰਚ, ਬਲਜੀਤ ਕੌਰ ਤੇ ਪਰਮਜੀਤ ਸਿੰਘ ਆਦਿ ਵੀ ਹਾਜ਼ਰ ਸਨ।

ਦਿਨ-ਦਿਹਾੜੇ ਘਰ 'ਚੋਂ ਸੋਨੇ-ਚਾਂਦੀ ਦੇ ਗਹਿਣੇ ਚੋਰੀ

ਜ਼ੀਰਕਪੁਰ, 26 ਅਪ੍ਰੈਲ (ਹੈਪੀ ਪੰਡਵਾਲਾ)-ਐਰੋਸਿਟੀ ਦੇ ਜੀ ਬਲਾਕ 'ਚ ਚੋਰਾਂ ਨੇ ਦਿਨ-ਦਿਹਾੜੇ ਇਕ ਘਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਸੋਨੇ-ਚਾਂਦੀ ਦੇ ਗਹਿਣੇ ਚੋਰੀ ਕਰ ਲਏ। ਵਾਰਦਾਤ ਸਮੇਂ ਪਰਿਵਾਰ ਘਰ ਨੂੰ ਤਾਲਾ ਲਗਾ ਕੇ ਕਿਸੇ ਕੰਮ ਲਈ ਬਾਹਰ ਗਿਆ ਹੋਇਆ ਸੀ। ਇਸ ਸੰਬੰਧੀ ਸ਼ਿਕਾਇਤ ਦੇਣ 'ਤੇ ਪੁਲਿਸ ਨੇ ਅਣਪਛਾਤੇ ਚੋਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੂੰ ਦਿੱਤੀ ਸ਼ਿਕਾਇਤ 'ਚ ਸੰਜੀਵ ਕੁਮਾਰ ਵਾਸੀ ਜੀ ਬਲਾਕ ਐਰੋਸਿਟੀ ਜ਼ੀਰਕਪੁਰ ਨੇ ਦੱਸਿਆ ਕਿ ਉਹ ਪ੍ਰਾਈਵੇਟ ਨੌਕਰੀ ਕਰਦਾ ਹੈ। ਬੀਤੇ ਦਿਨੀਂ ਉਹ ਕਰੀਬ 11.30 ਵਜੇ ਘਰ ਨੂੰ ਤਾਲਾ ਲਗਾ ਕੇ ਪਰਿਵਾਰ ਸਮੇਤ ਕਿਧਰੇ ਬਾਹਰ ਗਏ ਸਨ ਅਤੇ ਜਦੋਂ ਉਹ ਬਾਅਦ ਦੁਪਹਿਰ 3.30 ਵਜੇ ਘਰ ਵਾਪਸ ਆਏ ਅਤੇ ਤਾਲਾ ਖੋਲ੍ਹ ਕੇ ਅੰਦਰ ਦਾਖ਼ਲ ਹੋਣ ਲੱਗੇ ਤਾਂ ਅੰਦਰੋਂ ਦਰਵਾਜ਼ਾ ਨਹੀਂ ਖੁੱਲ੍ਹਿਆ। ਇਸ ਤੋਂ ਬਾਅਦ ਉਨ੍ਹਾਂ ਦੇਖਿਆ ਕਿ ਘਰ ਦੀ ਖਿੜਕੀ ਖੁੱਲ੍ਹੀ ਹੈ ਅਤੇ ਜਦੋਂ ਉਨ੍ਹਾਂ ਖਿੜਕੀ ਰਾਹੀਂ ਅੰਦਰ ਜਾ ਕੇ ਦਰਵਾਜ਼ਾ ਖੋਲ੍ਹ ਕੇ ਅਲਮਾਰੀ ਦੀ ਜਾਂਚ ਕੀਤੀ ਤਾਂ ਉਥੇ ਪਏ ਸੋਨੇ-ਚਾਂਦੀ ਦੇ ਗਹਿਣੇ ਗਾਇਬ ਸਨ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਜ਼ੀਰਕਪੁਰ ਥਾਣੇ ਦੀ ਪੁਲਿਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ। ਉਧਰ ਮਾਮਲੇ ਦੇ ਜਾਂਚ ਅਧਿਕਾਰੀ ਨੇ ਦੱਸਿਆ ਕਿ ਫ਼ਿਲਹਾਲ ਪੁਲਿਸ ਨੇ ਅਣਪਛਾਤੇ ਚੋਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

ਕਿਸਾਨ ਆਗੂ ਸਿਰਸਾ ਵਲੋਂ ਕੇਂਦਰੀ ਖੇਤੀਬਾੜੀ ਮੰਤਰੀ ਦੇ ਬਿਆਨ ਦੀ ਨਿਖੇਧੀ

ਐੱਸ. ਏ. ਐੱਸ. ਨਗਰ, 26 ਅਪ੍ਰੈਲ (ਬੈਨੀਪਾਲ)-ਕੇਂਦਰੀ ਖੇਤੀਬਾੜੀ ਮੰਤਰੀ ਤੋਮਰ ਵਲੋਂ ਪੰਜਾਬ ਦੇ ਕਿਸਾਨੀ ਪ੍ਰਤੀ ਕੀਤੀ ਟਿੱਪਣੀ ਦੀ ਕਿਸਾਨ ਆਗੂ ਬਲਦੇਵ ਸਿੰਘ ਸਿਰਸਾ ਨੇ ਨਿੰਦਾ ਕਰਦਿਆਂ ਕਿਹਾ ਕਿ ਕਿਸਾਨਾਂ ਨੇ ਹੱਡ ਭੰਨਵੀਂ ਮਿਹਨਤ ਕਰਕੇ ਦੇਸ਼ ਦੇ ਅੰਨ੍ਹ ਦੇ ਭੰਡਾਰ ਭਰ ਦਿੱਤੇ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਖੇਤੀਬਾੜੀ ਮੰਤਰੀ ਵਲੋਂ ਹਾਸੋਹੀਣੇ ਤੇ ਗੈਰ ਜ਼ਿੰਮੇਵਾਰਨਾ ਬਿਆਨ ਦਿੱਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅਨਾਜ ਵਿਚ ਗੁਣਵੱਤਾ ਦੀ ਕੋਈ ਘਾਟ ਹੈ ਤਾਂ ਇਸ ਦਾ ਕਿਸਾਨ ਜ਼ਿੰਮੇਵਾਰ ਨਹੀਂ ਸਗੋਂ ਸਰਕਾਰਾਂ ਦੀ ਨਾਲਾਇਕੀ, ਗ਼ਲਤ ਨੀਤੀਆਂ ਅਤੇ ਆਪਣੇ ਚਹੇਤੇ ਕਾਰਪੋਰੇਟ ਘਰਾਣਿਆਂ ਦੀਆਂ ਤਜੋਰੀਆਂ ਭਰਨ ਵਾਲੇ ਸਰਕਾਰੀ ਆਪ-ਹੁਦਰੇ ਫ਼ੈਸਲੇ ਜ਼ਿੰਮੇਵਾਰ ਹਨ। ਜਿਸ ਨਾਲ ਪੰਜਾਬ ਦਾ ਅਨਮੋਲ ਖ਼ਜ਼ਾਨਾ ਪਾਣੀ ਵੀ ਲੁਟਾਇਆ ਜਾ ਰਿਹਾ ਹੈ ਤੇ ਇਥੋਂ ਦੀ ਆਬੋ ਹਵਾ ਵੀ ਖ਼ਰਾਬ ਕੀਤੀ ਜਾ ਰਹੀ ਹੈ।

ਪਿੰਡ ਭਗਵਾਨਪੁਰ ਵਿਖੇ ਵਿਵਾਦਤ ਜ਼ਮੀਨ 'ਚ ਖੜ੍ਹੀ ਕਣਕ ਦੀ ਫ਼ਸਲ ਨੂੰ ਅੱਗੇ ਲਗਾਏ ਜਾਣ ਸੰਬੰਧੀ ਜਾਣਕਾਰੀ ਦਿੰਦੀ ਹੋਈ ਕਾਸ਼ਤਕਾਰ ਧਿਰ। ਤਸਵੀਰ : ਰਣਬੀਰ ਸਿੰਘ ਪੜ੍ਹੀ

ਜ਼ਮੀਨੀ ਵਿਵਾਦ ਦੇ ਚਲਦਿਆਂ ਖੇਤਾਂ 'ਚ ਖੜ੍ਹੀ ਕਣਕ ਨੂੰ ਲਗਾਈ ਅੱਗ

ਡੇਰਾਬੱਸੀ, 26 ਅਪ੍ਰੈਲ (ਰਣਬੀਰ ਸਿੰਘ ਪੜ੍ਹੀ)-ਡੇਰਾਬੱਸੀ-ਬਰਵਾਲਾ ਮਾਰਗ 'ਤੇ ਪੈਂਦੇ ਪਿੰਡ ਭਗਵਾਨਪੁਰ ਵਿਖੇ ਵਿਵਾਦਤ ਜ਼ਮੀਨ ਵਿਚ ਖੜ੍ਹੀ ਕਣਕ ਦੀ ਵੰਡ ਨੂੰ ਲੈ ਕੇ ਦੋ ਧਿਰਾਂ ਵਿਚ ਤਕਰਾਰ ਹੋ ਗਈ। ਇਸ ਦੌਰਾਨ ਕਾਸ਼ਤਕਾਰ ਧਿਰ ਨੇ ਦੂਜੀ ਧਿਰ 'ਤੇ ਕਬਜ਼ੇ ਦੀ ਨੀਅਤ ਨਾਲ ਕਣਕ ਵੱਢਣ ਤੋਂ ਰੋਕੇ ਜਾਣ ਕਾਰਨ ਖੇਤਾਂ 'ਚ ਖੜ੍ਹੀ ਕਣਕ ਦੀ ਫ਼ਸਲ ਨੂੰ ਅੱਗ ਲਗਾਉਣ ਦਾ ਦੋਸ਼ ਲਗਾਇਆ ਹੈ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਮਾਮਲੇ ਸੰਬੰਧੀ ਜਾਣਕਾਰੀ ਦਿੰਦਿਆਂ ਜਤਿੰਦਰ ਸਿੰਘ ਪੁੱਤਰ ਅਮਰਜੀਤ ਸਿੰਘ ਵਾਸੀ ਪਿੰਡ ਭਗਵਾਨਪੁਰ ਨੇ ਦੱਸਿਆ ਕਿ ਪਿੰਡ ਭਗਵਾਨਪੁਰ ਦੇ ਇਕ ਪਾਸੇ ਕਾਲੋਨੀਆਂ ਵਿਚਕਾਰ ਉਨ੍ਹਾਂ ਦੀ 15 ਵਿੱਘੇ ਦੇ ਕਰੀਬ ਜ਼ਮੀਨ ਹੈ। ਇਸ ਜ਼ਮੀਨ 'ਤੇ ਉਹ ਪਰਵਿੰਦਰ ਸਿੰਘ ਅਤੇ ਲਖਵੀਰ ਸਿੰਘ ਨਾਲ ਮਿਲ ਕੇ ਖੇਤੀ ਕਰਦਾ ਹੈ। ਇਸ ਜ਼ਮੀਨ ਦਾ ਕੇਸ ਅਦਾਲਤ ਵਿਚ ਚੱਲ ਰਿਹਾ ਹੈ ਅਤੇ ਅਦਾਲਤ ਵਲੋਂ ਉਨ੍ਹਾਂ ਦੇ ਹੱਕ ਵਿਚ ਸਟੇਅ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ 'ਚ ਜ਼ਮੀਨ 'ਤੇ ਉਨ੍ਹਾਂ ਦਾ ਕਬਜ਼ਾ ਹੈ ਅਤੇ ਉਹ ਖ਼ੁਦ ਕਾਸ਼ਤਕਾਰ ਹਨ, ਪ੍ਰੰਤੂ ਇਸ ਦੇ ਬਾਵਜੂਦ ਦੂਜੀ ਧਿਰ ਦੇ ਬੰਦਿਆਂ ਨੇ ਕਬਜ਼ੇ ਦੀ ਨੀਅਤ ਨਾਲ ਉਨ੍ਹਾਂ ਦੇ ਖੇਤ ਵਿਚ ਖੜ੍ਹੀ ਕਣਕ ਦੀ ਫ਼ਸਲ ਨੂੰ ਮਸ਼ੀਨ ਨਾਲ ਵੱਢਣ ਦੀ ਕੋਸ਼ਿਸ਼ ਕੀਤੀ ਅਤੇ ਰੋਕੇ ਜਾਣ ਕਾਰਨ ਉਨ੍ਹਾਂ ਨੇ ਕਣਕ ਨੂੰ ਅੱਗ ਲੱਗਾ ਦਿੱਤੀ। ਉਨ੍ਹਾਂ ਦੱਸਿਆ ਕਿ ਅੱਗ ਕਾਰਨ ਦੋ ਵਿੱਘੇ ਕਣਕ ਸੜ੍ਹ ਕੇ ਸੁਆਹ ਹੋ ਗਈ, ਜਦਕਿ ਛੇ ਵਿੱਘੇ ਦੇ ਕਰੀਬ ਕਣਕ ਉਕਤ ਧਿਰ ਵੱਢ ਕੇ ਆਪਣੇ ਨਾਲ ਲੈ ਗਈ। ਉਨ੍ਹਾਂ ਦੱਸਿਆ ਕਿ ਇਸ ਸੰਬੰਧੀ ਡੇਰਾਬੱਸੀ ਪੁਲਿਸ ਥਾਣੇ ਵਿਖੇ ਸ਼ਿਕਾਇਤ ਦੇ ਦਿੱਤੀ ਗਈ ਹੈ। ਉਧਰ ਮਾਮਲੇ ਦੇ ਤਫ਼ਤੀਸ਼ੀ ਅਫ਼ਸਰ ਪ੍ਰਵੀਨ ਕੌਰ ਨੇ ਦੱਸਿਆ ਕਿ ਮਾਮਲੇ ਦੀ ਤਫ਼ਤੀਸ਼ ਜਾਰੀ ਹੈ ਅਤੇ ਜਾਂਚ ਮੁਕੰਮਲ ਹੋਣ ਉਪਰੰਤ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਪੰਚਾਇਤੀ ਜ਼ਮੀਨਾਂ ਹੜੱਪਣ ਵਾਲੀ ਲੀਜ਼ ਪਾਲਿਸੀ ਰੱਦ ਕਰਨ ਦੀ ਆਸ ਬੱਝੀ-ਸਤਨਾਮ ਦਾਊਂ

• ਕਿਹਾ, ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਨੇ ਆਉਣ ਵਾਲੇ ਵਿਧਾਨ ਸਭਾ ਸੈਸ਼ਨ ਦੌਰਾਨ ਲੀਜ਼ ਪਾਲਿਸੀ ਰੱਦ ਕਰਨ ਦਾ ਦਿੱਤਾ ਭਰੋਸਾ

ਐੱਸ. ਏ. ਐੱਸ. ਨਗਰ, 26 ਅਪ੍ਰੈਲ (ਕੇ. ਐੱਸ. ਰਾਣਾ)-ਪਿਛਲੀ ਕਾਂਗਰਸ ਸਰਕਾਰ ਵਲੋਂ ਪੰਚਾਇਤੀ ਜ਼ਮੀਨਾਂ ਹੜੱਪਣ ਲਈ ਬਣਾਈ ਗਈ 33 ਸਾਲਾ ਲੀਜ ਪਾਲਿਸੀ ਰੱਦ ਕਰਨ ਦੀ ਆਸ ਬੱਝ ਗਈ ਹੈ। ਇਹ ਪ